ਨੰ: 3/23/2018-3ਸਿ3/1250220/1

ਪੰਜਾਬ ਸਰਕਾਰ

ਸਿੱਖਿਆ ਵਿਭਾਗ

(ਸਿੱਖਿਆ-3 ਸ਼ਾਖਾ)

ਸੇਵਾ ਵਿਖੇ

ਪ੍ਰਿੰਸੀਪਲ,

ਟੈਗੋਰ ਗਲੋਬਲ ਸਕੂਲ ਸਮਰਾਲਾ, (Tagore Global School, Samrala),

ਪਿੰਡ ਤੇ ਡਾਕਖਾਨਾ ਘੁੰਗਰਾਲੀ ਸਿੱਖਾਂ, (Vill. & P.O: Ghungrali Sikha),

ਜਿਲ੍ਹਾ: ਲੁਧਿਆਣਾ (Distt. Ludhiana),

ਮਿਤੀ:ਚੰਡੀਗੜ੍ਹ: 04.6.2018

ਵਿਸ਼ਾ: **ਟੈਗੋਰ ਗਲੋਬਲ ਸਕੂਲ ਸਮਰਾਲਾ, ਪਿੰਡ ਤੇ ਡਾਕਖਾਨਾ ਘੁੰਗਰਾਲੀ ਸਿੱਖਾਂ, ਜਿਲ੍ਹਾ ਲੁਧਿਆਣਾ ਨੂੰ ਸੀ.ਬੀ.ਐਸ.ਈ. ਨਵੀਂ ਦਿੱਲੀ ਨਾਲ ਐਫੀਲੀਏਸ਼ਨ ਲੈਣ ਲਈ ਇਤਰਾਜਹੀਣਤਾ ਸਰਟੀਫਿਕੇਟ ਜਾਰੀ ਕਰਨ ਸਬੰਧੀ।**

******

ਸ੍ਰੀ ਮਾਨ ਜੀ,

ਉਪਰਕੋਤ ਵਿਸ਼ੇ ਦੇ ਹਵਾਲੇ ਵਿੱਚ।

2. ਸਕੂਲ ਦੀ ਮੈਨੇਜਮੈਂਟ ਵੱਲੋਂ ਪੇਸ਼ ਕੀਤੇ ਗਏ ਦਸਤਾਵੇਜਾ ਸਮੇਤ ਹਲਫੀਆਂ ਬਿਆਨ, ਜਿਲ੍ਹਾ ਸਿੱਖਿਆ ਅਫਸਰ (ਸੈ:ਸਿ), ਲੁਧਿਆਣਾ ਅਤੇ ਡਾਇਰੈਕਟਰ ਸਿੱਖਿਆ ਵਿਭਾਗ (ਸੈ:ਸਿ), ਪੰਜਾਬ, ਚੰਡੀਗੜ੍ਹ ਦੀਆਂ ਸਿਫਾਰਸ਼ਾ ਨੂੰ ਗਹੁ ਨਾਲ ਵਿਚਾਰਨ ਤੋਂ ਬਾਅਦ ਪੰਜਾਬ ਸਰਕਾਰ ਵੱਲੋਂ ਲੋੜੀਂਦਾ ਇਤਰਾਜਹੀਣਤਾ ਸਰਟੀਫਿਕੇਟ ਹੇਠ ਲਿਖੀਆਂ ਸ਼ਰਤਾਂ ਤੇ ਦਿੱਤਾ ਜਾਂਦਾ ਹੈ:-

1. ਭਵਿੱਖ ਵਿਚ ਕਿਸੇ ਵੀ ਸ਼ਿਕਾਇਤ/ਇੰਸਪੈਕਸ਼ਨ ਹੋਣ ਤੇ ਜੇਕਰ ਇਹ ਤੱਥ ਸਾਹਮਣੇ ਆਉਂਦਾ ਹੈ ਕਿ ਆਪ ਵੱਲੋਂ ਇਤਰਾਜਹੀਣਤਾ ਸਰਟੀਫਿਕੇਟ ਲੈਣ ਸਮੇਂ ਸਰਕਾਰ ਨੂੰ ਗਲਤ ਸੂਚਨਾ ਦੇ ਅਧਾਰ ਤੇ ਦਰਖਾਸਤ ਦਿੱਤੀ ਗਈ ਹੈ ਅਤੇ ਪੰਜਾਬ ਸਰਕਾਰ ਵੱਲੋਂ ਸਮੇਂ-ਸਮੇਂ ਸਿਰ ਜਾਰੀ ਕੀਤੀਆਂ ਹਦਾਇਤਾਂ ਦੀ ਆਪ ਵੱਲੋਂ ਪਾਲਣਾ ਨਹੀਂ ਕੀਤੀ ਜਾਂਦੀ ਅਤੇ ਇਸ ਤਰ੍ਹਾਂ ਹਲਫੀਆਂ ਬਿਆਨ ਵਿੱਚ ਦਿੱਤੀਆਂ ਲਿਖਤੀ ਸ਼ਰਤਾਂ ਨੂੰ ਨਹੀਂ ਮੰਨਿਆ ਜਾਂਦਾ, ਤਾਂ ਅਜਿਹੇ ਹਾਲਤ ਵਿੱਚ ਕਿਸੇ ਵੀ ਸਮੇਂ ਇਹ ਇਤਰਾਜਹੀਣਤਾ ਸਰਟੀਫਿਕੇਟ ਵਾਪਸ ਲਿਆ ਜਾ ਸਕਦਾ ਹੈ।
2. ਆਪ ਦੇ ਸਕੂਲ ਵਿੱਚ ਪੰਜਾਬੀ ਨੂੰ ਪੜ੍ਹਾਉਣਾ ਦਸਵੀਂ ਪੱਧਰ ਤੱਕ ਲਾਜਮੀ ਹੋਵੇਗਾ ਅਤੇ **ਸੀ.ਬੀ.ਐਸ.ਈ.**, ਨਵੀਂ ਦਿੱਲੀ ਅਜਿਹੇ ਸਕੂਲਾਂ ਵਿੱਚ ਪੰਜਾਬੀ ਦਾ ਇਮਤਿਹਾਨ ਲੈਣ ਦਾ ਉਪਰਾਲਾ ਲਾਜਮੀ ਹੋਵੇਗਾ ਅਤੇ ਇਸ ਦੇ ਨਾਲ ਹੀ ਇਹ ਵੀ ਲਿਖਿਆ ਜਾਂਦਾ ਹੈ ਕਿ ਅਜਿਹਾ ਨਾ ਕਰਨ ਦੀ ਸੂਰਤ ਵਿੱਚ ਇਤਰਾਜਹੀਣਤਾ ਸਰਟੀਫਿਕੇਟ ਤੁਰੰਤ ਵਾਪਿਸ ਲੈ ਲਿਆ ਜਾਵੇਗਾ।
3. ਸਕੂਲ ਮੈਨੇਜਮੈਂਟ, ਸਿੱਖਿਆ ਵਿਭਾਗ ਪੰਜਾਬ ਸਰਕਾਰ ਵੱਲੋਂ ਆਰ.ਟੀ.ਈ.ਐਕਟ 2009 ਦੇ ਤਹਿਤ ਜਾਰੀ ਕੀਤੇ ਨੋਟੀਫਿਕੇਸ਼ਨ ਅਤੇ ਪੰਜਾਬ ਰਾਜ ਲਈ ਬਣਾਏ ਆਰ.ਟੀ.ਈ.ਐਕਟ-2009 ਦੇ ਰੂਲਾਂ ਦੀ ਇੰਨ-ਬਿਨ ਪਾਲਣਾ ਕਰੇਗੀ।
4. **ਸੀ.ਬੀ.ਐਸ.ਈ.**, ਨਵੀਂ ਦਿੱਲੀ ਦੀ ਐਫੀਲੀਏਸ਼ਨ ਲੈਣ ਉਪਰੰਤ ਸਕੂਲ ਦੀ ਮੈਨਜਮੈਂਟ ਸਕੂਲ ਦੇ ਟੀਚਿੰਗ ਸਟਾਫ ਅਤੇ ਨਾਨ ਟੀਚਿੰਗ ਸਟਾਫ ਨੂੰ ਸਰਕਾਰੀ ਕਰਮਚਾਰੀਆਂ ਵਾਂਗ ਤਨਖਾਹ ਅਤੇ ਹੋਰ ਭੱਤੇ ਆਦਿ ਅਕਾਉਂਟ ਪੇਈ ਚੈਕਾਂ ਰਾਹੀਂ ਦੇਣ ਲਈ ਵਚਨਵੱਧ ਹੋਵੇਗੀ। ਅਜਿਹਾ ਨਾ ਕਰਨ ਦੀ ਸੂਰਤ ਵਿੱਚ ਇਤਰਾਜਹੀਣਤਾ ਸਰਟੀਫਿਕੇਟ ਤੁਰੰਤ ਵਾਪਿਸ ਲੈ ਲਿਆ ਜਾਵੇਗਾ।

NOTARY
Walaiti Ram Chopra
ADVOCATE
LUDHIANA (PB.)
Regd. No. 2389
GOVT. OF INDIA

Attested to be True Photo Copy
Notary Public Ludhiana (Punjab)
13 JUN 2018

5. ਤੁਸੀਂ ਖੁਦ ਤੇ ਤੁਹਾਡੀ ਮੈਨੇਜਮੈਂਟ ਇਹ ਵੀ ਯਕੀਨੀ ਬਣਾਏਗੀ ਕਿ ਤੁਹਾਡੇ ਜਿਲ੍ਹੇ ਦੇ ਸਿੱਖਿਆ ਅਫਸਰ ਵੱਲੋਂ ਜਾਂ ਸਿੱਖਿਆ ਵਿਭਾਗ ਦੇ ਕਿਸੇ ਸੀਨੀਅਰ ਅਧਿਕਾਰੀ ਵੱਲੋਂ ਜਦੋਂ ਵੀ ਕਿਸੇ ਤਰ੍ਹਾਂ ਦੀ ਸੂਚਨਾ ਦੀ ਮੰਗ ਕੀਤੀ ਜਾਂਦੀ ਹੈ ਤਾਂ ਉਸਨੂੰ ਲੋੜੀਂਦੀ ਸੂਚਨਾ ਉਪਲੱਬਧ ਕਰਵਾਈ ਜਾਵੇਗੀ ਅਤੇ ਨਾਲ ਹੀ ਲੋੜੀਂਦਾ ਸਹਿਯੋਗ ਵੀ ਦਿੱਤਾ ਜਾਵੇਗਾ। ਅਜਿਹਾ ਨਾ ਕਰਨ ਦੀ ਸੂਰਤ ਵਿੱਚ ਇਤਰਾਜਹੀਣਤਾ ਸਰਟੀਫਿਕੇਟ ਤੁਰੰਤ ਵਾਪਿਸ ਲੈ ਲਿਆ ਜਾਵੇਗਾ।

6. ਬੱਚਿਆ ਦੀ ਸੁਰੱਖਿਆ, ਪਬਲਿਕ ਹੈਲਥ ਸੈਨੀਟੇਸ਼ਨ ਅਤੇ ਹੋਰ ਇਤਰਾਜਹੀਣਤਾ ਸਰਟੀਫਿਕੇਟ ਜਾਰੀ ਕਰਨ ਦੀਆਂ ਸ਼ਰਤਾਂ ਸਬੰਧੀ ਸਮੇਂ-2 ਤੇ ਸਰਕਾਰ ਦੇ ਅਧਿਕਾਰੀਆਂ ਵਲੋਂ ਸਕੂਲ ਦੀ ਜਾਂਚ/ਮੁਲੰਕਣ ਕੀਤਾ ਜਾਵੇਗਾ। ਜੇਕਰ ਇਤਰਾਜਹੀਣਤਾ ਸਰਟੀਫਿਕੇਟ ਜਾਰੀ ਕਰਨ ਦੀਆਂ ਸ਼ਰਤਾਂ ਵਿੱਚ ਕੋਈ ਉਣਤਾਈਂ ਪਾਈ ਜਾਂਦੀ ਹੈ ਤਾਂ ਇਤਰਾਜਹੀਣਤਾ ਸਰਟੀਫਿਕੇਟ ਵਾਪਿਸ ਲੈ ਲਿਆ ਜਾਵੇਗਾ।

ਅਧੀਨ ਸਕੱਤਰ ਸਕੂਲ ਸਿੱਖਿਆ

ਮਿਤੀ, ਚੰਡੀਗੜ੍ਹ:

ਪਿ:ਅ:ਨੰ: 3/23/2018-3ਸਿ3/

ਉਤਾਰਾ ਡਾਇਰੈਕਟਰ ਸਿੱਖਿਆ ਵਿਭਾਗ (ਸੈ:ਸਿ), ਪੰਜਾਬ, ਚੰਡੀਗੜ੍ਹ ਨੂੰ ਉਨ੍ਹਾਂ ਦੇ **ਮੀਮੋ ਨੰ. 15/56-2017 ਗ੍ਰਾਂਟ-1(3)-40ਗ੍ਰਾਂਟ / 507 ਮਿਤੀ 14.03.2018** ਦੇ ਹਵਾਲੇ ਵਿੱਚ ਭੇਜਕੇ ਬੇਨਤੀ ਕੀਤੀ ਜਾਂਦੀ ਹੈ ਕਿ ਉਪਰੋਕਤ ਸਕੂਲ ਦੀ ਹਰ ਪੰਜ ਸਾਲ ਵਿੱਚ ਘੱਟੋ-ਘੱਟ ਇਕ ਵਾਰ ਇੰਸਪੈਕਸ਼ਨ ਹਰ ਹਾਲਤ ਵਿੱਚ ਕਰਵਾਈ ਜਾਵੇ ਅਤੇ ਇੰਸਪੈਕਸ਼ਨ ਰਿਪੋਰਟ ਸਰਕਾਰ ਨੂੰ ਭੇਜੀ ਜਾਵੇ। ਸਬੰਧਤ ਸਕੂਲ ਤੋਂ ਉਪਰੋਕਤ ਜਾਰੀ ਹਦਾਇਤਾਂ ਦੀ ਇੰਨ-ਬਿੰਨ ਪਾਲਣਾ ਕਰਨੀ ਯਕੀਨੀ ਬਣਾਈ ਜਾਵੇ।

2. **ਟੈਗੋਰ ਗਲੋਬਲ ਸਕੂਲ ਸਮਰਾਲਾ, ਪਿੰਡ ਤੇ ਡਾਕਖਾਨਾ ਘੁੰਗਰਾਲੀ ਸਿੱਖਾਂ, ਜਿਲ੍ਹਾ ਲੁਧਿਆਣਾ** ਦੀ ਮਿਸਲ ਮੂਲ ਰੂਪ ਵਿੱਚ ਵਾਪਸ ਭੇਜੀ ਜਾਂਦੀ ਹੈ।

ਅਧੀਨ ਸਕੱਤਰ ਸਕੂਲ ਸਿੱਖਿਆ

**ਅੰਦਰੂਨੀ ਵੰਡ:**

1. ਨਿੱਜੀ ਸਕੱਤਰ/ਸਿੱਖਿਆ ਮੰਤਰੀ, ਪੰਜਾਬ।
2. ਨਿੱਜੀ ਸਹਾਇਕ/ਸਕੱਤਰ ਸਕੂਲ ਸਿੱਖਿਆ, ਪੰਜਾਬ।
3. ਸੀਨੀਅਰ ਸਕੇਲ ਸਟੈਨੋਗਰਾਫ਼ਰ/ਅਧੀਨ ਸ਼ਕੱਤਰ ਸਕੂਲ ਸਿੱਖਿਆ, ਪੰਜਾਬ।
4. ਰਿਕਾਰਡਰ ਸਿੱਖਿਆ ਸ਼ਾਖਾ 3

NOTARY GOVT. OF INDIA Walaiti Ram Chopra ADVOCATE LUDHIANA (PB.) Regd. No. 2389

Attested to be True Photo Copy

Notary Public Ludhiana (Punjab)

13 JUN 2018